(ਵੈੱਬਸਾਈਟ ਰਾਹੀਂ)

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਪੰਜਾਬ।

ਮੀਮੋ ਨੰ: Samagra/Smartschool/2020098567.
ਮਿਤੀ: 23-03-2020.

ਵਿਸ਼ਾ:- **ਸਕੂਲਾਂ ਦੀਆਂ ਦੂਜੇ ਵਿਭਾਗਾਂ ਨਾਲ ਸਬੰਧਤ ਸਮੱਸਿਆਵਾਂ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਉਕਤ ਵਿਸ਼ੇ ਸਬੰਧੀ ਸਕੂਲਾਂ ਦੇ ਵਿਜ਼ਿਟ ਦੌਰਾਨ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਸਕੂਲਾਂ ਵਿੱਚ ਕਈ ਤਰ੍ਹਾਂ ਦੀਆਂ ਅਜਿਹੀਆਂ ਸਮੱਸਿਆਵਾਂ ਹਨ, ਜਿਨ੍ਹਾਂ ਦਾ ਸਬੰਧ ਦੂਜੇ ਵਿਭਾਗਾਂ ਨਾਲ ਹੋਣ ਕਾਰਨ ਸਮੇਂ ਸਿਰ ਹੱਲ ਨਹੀਂ ਨਿਕਲਦਾ ਅਤੇ ਸਕੂਲਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਸਮੱਸਿਆਵਾਂ ਵਿੱਚ ਮੁੱਖ ਤੌਰ ਤੇ ਸਕੂਲਾਂ ਵਿੱਚ ਪਾਣੀ ਦੀ ਨਿਕਾਸੀ ਦੀ ਸਮੱਸਿਆ, ਛੁੱਟੀ ਸਮੇਂ ਟ੍ਰੈਫਿਕ ਦੀ ਸਮੱਸਿਆ, ਸਿਹਤ ਵਿਭਾਗ, ਜੰਗਲਾਤ ਵਿਭਾਗ ਅਤੇ National Highway / State Highway ਆਦਿ ਸ਼ਾਮਿਲ ਹਨ। ਭਾਵੇਂ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ ਤੇ ਇਨ੍ਹਾਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਦੂਸਰੇ ਵਿਭਾਗਾਂ ਨਾਲ ਵਾਰ-ਵਾਰ ਰਾਬਤਾ ਕਾਇਮ ਕੀਤਾ ਜਾਂਦਾ ਹੈ ਪ੍ਰੰਤੂ ਦੂਜੇ ਵਿਭਾਗਾਂ ਵੱਲੋਂ ਇਨ੍ਹਾਂ ਸਮੱਸਿਆਵਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ ਅਤੇ ਇਹ ਸਮੱਸਿਆਵਾਂ ਜਿਉਂ ਦੀ ਤਿਉਂ ਹੀ ਖੜ੍ਹੀਆਂ ਰਹਿੰਦੀਆਂ ਹਨ।

3.0 ਉਪਰੋਕਤ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜਿਲ੍ਹੇ ਦੇ ਸਮੂਹ ਸਕੂਲ ਮੁੱਖੀਆਂ ਤੋਂ ਉਨ੍ਹਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਜੋ ਕਿ ਦੂਜੇ ਵਿਭਾਗਾਂ ਨਾਲ ਸਬੰਧਤ ਹਨ ਜਾਂ ਦੂਜੇ ਵਿਭਾਗਾਂ ਦੁਆਰਾ ਉਨ੍ਹਾਂ ਦਾ ਹੱਲ ਕੀਤਾ ਜਾਣਾ ਹੈ, ਦੇ ਬਾਰੇ ਸੂਚਨਾ ਇਕੱਠੀ ਕਰਕੇ ਆਪਣੇ ਜਿਲ੍ਹੇ ਦੇ ਨੋਡਲ ਅਫ਼ਸਰ ਨੂੰ ਨੋਟ ਕਰਵਾ ਦਿੱਤੀ ਜਾਵੇ। ਇਸ ਦੇ ਨਾਲ ਹੀ ਇਨ੍ਹਾਂ ਸਮੱਸਿਆਵਾਂ ਦਾ ਹੱਲ ਲੱਭਣ ਲਈ ਆਪਣੇ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਨਾਲ ਵੀ ਮਾਮਲਾ ਉਠਾਇਆ ਜਾਵੇ।

**ਸਕੱਤਰ ਸਕੂਲ ਸਿੱਖਿਆ**

ਪਿੱਠ ਅੰਕਣ ਨੰ: ਉਕਤ ਮਿਤੀ: 23-03-2020.

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਮੂਹ ਸਕੂਲ ਮੁੱਖੀ, ਪੰਜਾਬ।
2. ਸਮੂਹ ਨੋਡਲ ਅਫ਼ਸਰਾਂ (ਮੁੱਖ ਦਫ਼ਤਰ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਜਿਲ੍ਹੇ ਨਾਲ ਸਬੰਧਤ ਲੋੜੀਂਦੀ ਸੂਚਨਾ ਇਕੱਠੀ ਕਰਨ ਉਪਰੰਤ ਮੁੱਖ ਦਫ਼ਤਰ ਨੂੰ ਭੇਜੀ ਜਾਵੇ ਅਤੇ ਅਗਲੇਰੀ ਕਾਰਵਾਈ ਕੀਤੀ ਜਾਵੇ।

**ਸਕੱਤਰ ਸਕੂਲ ਸਿੱਖਿਆ**

Scanned with CamScanner